# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 pm**

**ਮਿਤੀ: 18-04-2025**

- ਇਲੈਕਟ੍ਰਾਨਿਕਸ ਅਤੇ ਸੂਚਨਾ ਤਕਨਾਲੋਜੀ ਮੰਤਰੀ ਅਸ਼ਵਨੀ ਵੈਸ਼ਨਵ ਨੇ ਕਿਹਾ-ਪਿਛਲੇ 10 ਸਾਲਾਂ ਵਿੱਚ ਇਲੈਕਟ੍ਰਾਨਿਕ ਨਿਰਮਾਣ 'ਚ ਪੰਜ ਗੁਣਾ ਵਾਧਾ ਹੋਇਆ ਏ ।
- ਪੰਜਾਬ ਵਿੱਚ 14 ਦਹਿਸ਼ਤਗਰਦ ਹਮਲਿਆਂ ‘ਚ ਲੋੜੀਂਦੇ, ਗੈਂਗਸਟਰ ਹਰਪ੍ਰੀਤ ਸਿੰਘ ਉਰਫ਼ ਹੈਪੀ ਪਾਸੀਆਂ ਦੀ ਗ੍ਰਿਫਤਾਰੀ ਨੂੰ, ਪੰਜਾਬ ਪੁਲਿਸ ਮੁੱਖੀ ਗੌਰਵ ਯਾਦਵ ਨੇ ਇਕ ਵੱਡੀ ਉਪਲੱਬਧੀ ਕਰਾਰ ਦਿੱਤਾ।
- ਕੈਬਿਨਟ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਰੂਪਨਗਰ ਵਿਖੇ ਚੱਲ ਰਹੇ ਖਰੀਦ ਕਾਰਜਾਂ ਦਾ ਲਿਆ ਜਾਇਜ਼ਾ ।
- ਅੱਜ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਮੌਕੇ ਗੁਰਦੁਆਰਾ ਗੁਰੂ ਕੇ ਮਹਿਲ ਵਿਖੇ ਗੁਰਮਤਿ ਸਮਾਗਮਾਂ ਦਾ ਆਯੋਜਨ ।

- ਪਠਾਨਕੋਟ ਅਤੇ ਮਾਨਸਾ ਵਿਚ ਵਾਪਰੇ ਵੱਖ-ਵੱਖ ਸੜਕ ਹਾਦਸਿਆਂ 'ਚ 4 ਜਣਿਆਂ ਦੀ ਮੌਤ ਜਦ ਕਿ 6 ਲੋਕ ਗੰਭੀਰ ਜ਼ਖਮੀ ਹੋਏ।
- ਵਿਸ਼ਵ ਵਿਰਾਸਤ ਦਿਵਸ ਮਨਾਉਣ ਲਈ ਰੇਲਵੇ ਵੱਲੋਂ ਪਠਾਨਕੋਟ ਵਿਚ ਮੈਰਾਥਨ ਦਾ ਆਯੋਜਨ।

-----------------------------------------------------------------------

ਇਲੈਕਟ੍ਰਾਨਿਕਸ ਅਤੇ ਸੂਚਨਾ ਤਕਨਾਲੋਜੀ ਮੰਤਰੀ ਅਸ਼ਵਨੀ ਵੈਸ਼ਨਵ ਨੇ ਕਿਹਾ ਏ ਕਿ ਪਿਛਲੇ 10 ਸਾਲਾਂ ਵਿੱਚ ਇਲੈਕਟ੍ਰਾਨਿਕ ਨਿਰਮਾਣ 'ਚ ਪੰਜ ਗੁਣਾ ਵਾਧਾ ਹੋਇਆ ਏ । ਅੱਜ ਗੁੜਗਾਓਂ ਦੇ ਮਾਨੇਸਰ ਵਿੱਚ ਪੱਤਰਕਾਰਾਂ ਨਾਲ ਗੱਲ ਕਰਦੇ ਹੋਏ, ਸ਼੍ਰੀ ਵੈਸ਼ਨਵ ਨੇ ਕਿਹਾ ਕਿ ਮੇਕ ਇਨ ਇੰਡੀਆ ਪਹਿਲਕਦਮੀ ਨੇ ਇਲੈਕਟ੍ਰਾਨਿਕਸ ਨਿਰਮਾਣ ਖੇਤਰ ਵਿੱਚ ਵੱਡਾ ਉਤਸ਼ਾਹ ਦਿੱਤਾ ਏ |**BYTE:**
ਸ਼੍ਰੀ ਵੈਸ਼ਨਵ ਨੇ ਇਹ ਵੀ ਕਿਹਾ ਕਿ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਹਾਲ ਹੀ ਵਿੱਚ ਇਲੈਕਟ੍ਰਾਨਿਕ ਕੰਪੋਨੈਂਟ ਮੈਨੂਫੈਕਚਰਿੰਗ ਸਕੀਮ ਨੂੰ ਮਨਜ਼ੂਰੀ ਦਿੱਤੀ ਏ ਜਿਸ ਨਾਲ ਰੁਜ਼ਗਾਰ ਪੈਦਾ ਹੋਣਗੇ ।

-----------------------------------------------------------------------

ਲੋੜੀਂਦੇ ਗੈਂਗਸਟਰ ਹਰਪ੍ਰੀਤ ਸਿੰਘ ਉਰਫ਼ ਹੈਪੀ ਪਾਸੀਆਂ, ਜਿਸਨੇ ਕਥਿਤ ਤੌਰ 'ਤੇ ਪੰਜਾਬ ਵਿੱਚ 14 ਦਹਿਸ਼ਤਗਰਦ ਹਮਲਿਆਂ ਦੀ

ਸਾਜ਼ਿਸ਼ ਰਚੀ ਸੀ, ਨੂੰ ਅਮਰੀਕਾ ਵਿੱਚ ਇਮੀਗ੍ਰੇਸ਼ਨ ਅਤੇ ਕਸਟਮਜ਼ ਇਨਫੋਰਸਮੈਂਟ ਨੇ ਹਿਰਾਸਤ ਵਿੱਚ ਲੈ ਲਿਆ ਏ। ਉਹ ਭਾਰਤ ਦੀ ਪ੍ਰਮੁੱਖ ਦਹਿਸ਼ਤਗਰਦੀ ਵਿਰੋਧੀ ਸੰਸਥਾ, ਰਾਸ਼ਟਰੀ ਜਾਂਚ ਏਜੰਸੀ (NIA) ਵੱਲੋਂ ਵੀ ਲੋੜੀਂਦਾ ਸੀ। ਇਸ ਸਾਲ ਦੇ ਸ਼ੁਰੂ ਵਿੱਚ, NIA ਨੇ ਚੰਡੀਗੜ੍ਹ ਵਿੱਚ ਇੱਕ ਘਰ ਅਤੇ ਪੰਜਾਬ ਦੇ ਥਾਣਿਆਂ 'ਤੇ ਗ੍ਰਨੇਡ ਹਮਲਿਆਂ ਵਿੱਚ ਕਥਿਤ ਸ਼ਮੂਲੀਅਤ ਲਈ ਪਾਸੀਆਂ'ਤੇ 5 ਲੱਖ ਰੁਪਏ ਦੇ ਇਨਾਮ ਦਾ ਐਲਾਨ ਕੀਤਾ ਸੀ। ਪਾਕਿਸਤਾਨ ਸਥਿਤ ਗੈਂਗਸਟਰ ਤੋਂ ਦਹਿਸ਼ਤਗਰਦ ਬਣੇ ਹਰਵਿੰਦਰ ਸਿੰਘ ਸੰਧੂ ਉਰਫ਼ ਰਿੰਦਾ ਦਾ ਕਰੀਬੀ ਸਾਥੀ ਪਾਸੀਆਂ, ਪਾਕਿਸਤਾਨ ਦੀ ISI, ਰਿੰਦਾ ਅਤੇ ਪਾਬੰਦੀਸ਼ੁਦਾ ਦਹਿਸ਼ਤਗਰਦ ਜਥੇਬੰਦੀ ਬੱਬਰ ਖਾਲਸਾ ਇੰਟਰਨੈਸ਼ਨਲ ਦੇ ਸਹਿਯੋਗ ਨਾਲ ਪੰਜਾਬ ਵਿੱਚ ਕਈ ਦਹਿਸ਼ਤਗਰਦ ਗਤੀਵਿਧੀਆਂ ਵਿੱਚ ਸ਼ਾਮਲ ਰਿਹਾ ਏ **।**

**ਪੰਜਾਬ ਪੁਲੀਸ ਦੇ ਮੁਖੀ ਗੌਰਵ ਯਾਦਵ ਨੇ ਗੈਂਗਸਟਰ ਹੈਪੀ ਪਾਸੀਆਂ ਦੀ ਗ੍ਰਿਫਤਾਰੀ ਨੂ ਇੱਕ ਵੱਡੀ ਉਪਲਬਧੀ ਕਰਾਰ ਦਿੰਦਿਆਂ ਕਿਹਾ BYTE**

--------------------------------------------------------

ਇਸੇ ਦੌਰਾਨ ਅੰਮ੍ਰਿਤਸਰ ਦਿਹਾਤੀ ਦੇ SSP ਮਨਿੰਦਰ ਸਿੰਘ ਨੇ ਕਿਹਾ ਕਿ ਹੈਪੀ ਪਾਸੀਆਂ ਦੇ ਇੱਕ ਸਾਥੀ ਤੋਂ ਬਰਾਮਦ ਹੋਏ ਗ੍ਰਨੇਡ ਦੇ ਮਾਮਲੇ

ਵਿੱਚ, ਪੁਲਿਸ ਗੈਂਗਸਟਰਾਂ ਵਿਰੁੱਧ ਲਗਾਤਾਰ ਕਾਰਵਾਈ ਕਰ ਰਹੀ ਏ ਅੱਜ ਇਕ ਪ੍ਰੈਸ ਕਾਨਫਰੰਸ ਵਿਚ ਉਨਾਂ ਦਸਿਆ ਕਿ ਇਸ ਤਹਿਤ 11 ਅਪ੍ਰੈਲ ਨੂੰ ਦੋ ਮੁਲਜ਼ਮਾਂ ਪਲਵਿੰਦਰ ਸਿੰਘ ਪਾਲਾ ਅਤੇ ਬਲਜਿੰਦਰ ਸਿੰਘ ਨੂੰ ਗ੍ਰਿਫ਼ਤਾਰ ਕਰਕੇ, ਉਨ੍ਹਾਂ ਤੋਂ ਇੱਕ ਪਿਸਤੌਲ ਬਰਾਮਦ ਕੀਤਾ ਗਿਆ ਸੀ, ਜਿਸ ਤੋਂ ਬਾਅਦ ਪੁੱਛਗਿੱਛ ਦੌਰਾਨ ਇੱਕ ਹੋਰ ਪਿਸਤੌਲ ਅਤੇ 532 ਗ੍ਰਾਮ ਹੈਰੋਇਨ ਬਰਾਮਦ ਕੀਤੀ ਗਈ ਸੀ। ਇਹ ਲੋਕ ਹੈਪੀ ਪਾਸੀਆਂ ਦੇ ਸੰਪਰਕ ਵਿੱਚ ਸਨ । ਉਸਦੇ ਇੱਕ ਹੋਰ ਸਾਥੀ ਨੂੰ ਇੱਕ ਗ੍ਰਨੇਡ ਅਤੇ ਦੋ ਪਿਸਤੌਲਾਂ ਸਮੇਤ ਗ੍ਰਿਫ਼ਤਾਰ ਕੀਤਾ ਗਿਆ ਏ ।

----------------------------------------------------------------------------

ਵਰਲਡ ਆਡੀਓ ਵਿਜ਼ੂਅਲ ਐਂਡ ਐਂਟਰਟੇਨਮੈਂਟ ਸਮਿਟ (WAVES) ਦੇ ਹਿੱਸੇ ਵਜੋਂ ਆਯੋਜਿਤ WAFX VFX ਚੈਲੇਂਜ - ਨੌਰਥ ਜ਼ੋਨ ਦੇ ਜ਼ੋਨਲ ਜੇਤੂਆਂ ਦਾ ਐਲਾਨ ਚੰਡੀਗੜ੍ਹ ਯੂਨੀਵਰਸਿਟੀ ਵਿਖੇ ਕੱਲ ਆਯੋਜਿਤ ਵਰਚੁਅਲ-ਐਕਸ ਸਮਿਟ 2025 ਦੌਰਾਨ ਕੀਤਾ ਗਿਆ । ਇਹ ਮੁਕਾਬਲਾ ਦਾ ਉਦੇਸ਼ ਵਿਜ਼ੂਅਲ ਇਫੈਕਟਸ, ਐਨੀਮੇਸ਼ਨ ਅਤੇ ਗੇਮਿੰਗ ਦੇ ਖੇਤਰ ਵਿੱਚ ਪ੍ਰਤਿਭਾ ਨੂੰ ਪਛਾਣਨਾ ਅਤੇ ਉਤਸ਼ਾਹਿਤ ਕਰਨਾ ਏ । ਇਹ ਭਾਰਤ ਸਰਕਾਰ ਦੇ ਸੂਚਨਾ ਅਤੇ ਪ੍ਰਸਾਰਣ ਮੰਤਰਾਲੇ ਵਲੋਂ ਐਸੋਸੀਏਸ਼ਨ ਆਫ ਬੰਗਲੌਰ ਐਨੀਮੇਸ਼ਨ ਇੰਡਸਟਰੀ ਦੇ ਸਹਿਯੋਗ ਨਾਲ ਆਯੋਜਿਤ ਕੀਤਾ ਜਾ ਰਿਹਾ ਏ। ਇਸ ਮੁਕਾਬਲੇ ਦੇ ਜੇਤੂਆਂ ਵਿਚ, ਪੇਸ਼ੇਵਰ ਸ਼੍ਰੇਣੀ

ਵਿਚ ਕ੍ਰਿਸ਼ਨਾ ਤਲਾਨੀ ਜੇਤੂ ਰਹੇ । ਉਤਸ਼ਾਹੀ ਸ਼੍ਰੇਣੀ ਵਿਚ ਅਭਯੁਦਿਆ ਸਿੰਘ ਅਤੇ ਕ੍ਰਿਸ਼ਨਾ ਭੰਡਾਰੀ ਦੀ ਟੀਮ ਜੇਤੂ ਬਣੀ ਜਦਕਿ ਵਿਦਿਆਰਥੀ ਸ਼੍ਰੇਣੀ ਵਿਚ ਰਤਿਨ ਮੋਹਨ ਜੇਤੂ, ਆਰੂਸ਼ੀ ਸ਼ਰਮਾ - ਉਪ ਜੇਤੂ ਅਤੇ ਪ੍ਰਾਂਜਲ ਪਾਲ ਨੂੰ consolation ਇਨਾਮ ਨਾਲ ਨਵਾਜ਼ਿਆ ਗਯਾ ।

ਇਹ ਜ਼ੋਨਲ ਜੇਤੂ ਹੁਣ ਰਾਸ਼ਟਰੀ ਪੱਧਰ ਦੇ ਫਾਈਨਲ ਵਿੱਚ ਹਿਸਾ ਲੈਣਗੇ ਜੋ 1 ਤੋਂ 4 ਮਈ ਦੋਰਾਨ ਮੁੰਬਈ ਵਿਚ ਕਰਵਾਇਆ ਜਾਏਗਾ ।

WAVES VFX ਚੈਲੇਂਜ ਉੱਭਰ ਰਹੇ VFX ਸਿਰਜਣਹਾਰਾਂ ਲਈ ਭਾਰਤ ਦੀ ਪ੍ਰਮੁੱਖ ਰਾਸ਼ਟਰੀ ਪ੍ਰਤਿਭਾ ਖੋਜ ਏ। ਸੂਚਨਾ ਅਤੇ ਪ੍ਰਸਾਰਣ ਮੰਤਰਾਲੇ ਅਤੇ ABAI ਦੇ ਸਹਿਯੋਗ ਨਾਲ ਆਯੋਜਿਤ ਇਹ ਪਹਿਲਕਦਮੀ ਭਾਰਤ ਦੇ ਰਚਨਾਤਮਕ ਵਾਤਾਵਰਣ ਪ੍ਰਣਾਲੀ ਵਿੱਚ ਪਹਿਲੇ ਕ੍ਰਿਏਟ ਇਨ ਇੰਡੀਆ - ਸੀਜ਼ਨ-1 ਦੇ ਤਹਿਤ ਇੱਕ ਮਹੱਤਵਪੂਰਨ ਕਦਮ ਏ।

---------------------------------------------------------

ਪੰਜਾਬ ਦੇ ਖੁਰਾਕ, ਸਿਵਲ ਸਪਲਾਈ ਤੇ ਖਪਤਕਾਰ ਮਾਮਲੇ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਅੱਜ ਰੂਪਨਗਰ ਦੀ ਦਾਣਾ ਮੰਡੀ ਵਿਖੇ ਕਣਕ ਦੀ ਚੱਲ ਰਹੀ ਖਰੀਦ ਦਾ ਜਾਇਜ਼ਾ ਲਿਆ। ਉਨ੍ਹਾਂ ਕਿਹਾ ਕਿ ਪੰਜਾਬ ’ਚ ਇਸ ਵਾਰ ਕਣਕ ਦੀ ਬੰਪਰ ਫ਼ਸਲ ਹੋਈ ਏ ਅਤੇ ਇਸ ਸੀਜ਼ਨ ਦੌਰਾਨ ਲਗਭਗ 125 ਲੱਖ ਮੀਟ੍ਰਿਕ ਟਨ ਕਣਕ ਆਉਣ ਦੀ ਸੰਭਾਵਨਾ ਏ ।

ਉਨਾਂ ਕਿਹਾ ਕਿ ਹੁਣ ਤੱਕ ਮੰਡੀਆ ’ਚ 13 ਲੱਖ 16 ਹਜ਼ਾਰ ਮੀਟ੍ਰਿਕ ਟਨ ਕਣਕ ਦੀ ਆਮਦ ਅਤੇ ਲਗਭਗ 11 ਲੱਖ ਮੀਟ੍ਰਿਕ ਟਨ ਦੀ ਖਰੀਦ ਹੋ ਚੁੱਕੀ ਏ । ਕਿਸਾਨਾਂ ਦੇ ਖਾਤਿਆਂ ’ਚ 703 ਕਰੋੜ ਰੁਪਏ ਦੀ ਅਦਾਇਗੀ ਕੀਤੀ ਜਾ ਚੁੱਕੀ ਏ । ਉਨ੍ਹਾਂ ਦੱਸਿਆ ਕਿ ਅਦਾਇਗੀ, ਖਰੀਦ ਹੋਣ ਦੇ 24 ਘੰਟਿਆਂ ’ਚ ਕੀਤੀ ਜਾ ਰਹੀ ਏ ਉੱਥੇ ਹੀ ਚੁਕਾਈ ’ਚ ਵੀ ਕੋਈ ਢਿੱਲ ਨਹੀਂ ਕੀਤੀ ਜਾ ਰਹੀ । ਉਨ੍ਹਾਂ ਕਿਹਾ ਕਿ ਉਨ੍ਹਾਂ ਵੱਲੋਂ ਮੰਡੀਆਂ ਦੇ ਦੌਰੇ ਦੌਰਾਨ ਫ਼ਿਲਹਾਲ ਕੋਈ ਮੁਸ਼ਕਿਲ ਸਾਹਮਣੇ ਨਹੀਂ ਆਈ। ਉਨ੍ਹਾਂ ਕਿਹਾ ਕਿ ਮੰਡੀਆਂ ’ਚ ਆਏ ਅਨਾਜ ਨੂੰ ਮੌਸਮ ਦੀ ਮਾਰ ਤੋਂ ਬਚਾਉਣ ਲਈ ਸਾਰੀਆਂ ਏਜੰਸੀਆਂ ਅਤੇ ਆੜ੍ਹਤੀਆਂ ਨੂੰ ਤਰਪਾਲਾਂ ਅਤੇ ਕਰੇਟਾਂ ਦੇ ਸਮੁੱਚੇ ਪ੍ਰਬੰਧ ਕਰਕੇ ਰੱਖਣ ਲਈ ਕਿਹਾ ਗਿਆ ਏ । ਇਸ ਤੋਂ ਇਲਾਵਾ ਬਾਰਦਾਨੇ ਦੀ ਵੀ ਕੋਈ ਕਮੀ ਨਹੀਂ ਏ । ਉਨ੍ਹਾਂ ਸਪੱਸ਼ਟ ਕੀਤਾ ਕਿ ਮੰਡੀਆਂ ’ਚ ਕਿਸਾਨਾਂ ਨੂੰ ਕਿਸੇ ਵੀ ਤਰ੍ਹਾਂ ਦੀ ਕੋਈ ਦਿੱਕਤ ਨਹੀਂ ਆਉਣ ਦਿੱਤੀ ਜਾਵੇਗੀ ਅਤੇ ਉਹ ਖੁਦ ਮੰਡੀਆਂ ਦਾ ਦੌਰਾ ਕਰਕੇ ਚੱਲ ਰਹੇ ਖਰੀਦ ਕਾਰਜਾਂ ਦਾ ਜਾਇਜ਼ਾ ਲੈ ਰਹੇ ਨੇ । ਉਨ੍ਹਾਂ ਕਿਹਾ ਕਿ ਖਰੀਦ ਕਾਰਜਾਂ ਨਾਲ ਜੁੜੇ ਸਮੂਹ ਅਧਿਕਾਰੀਆਂ ਨੂੰ ਸਖਤ ਹਿਦਾਇਤਾਂ ਕੀਤੀਆਂ ਗਈਆਂ ਕਿ ਮੰਡੀਆਂ ’ਚ ਕਿਸੇ ਵੀ ਕਿਸਾਨ ਜਾਂ ਆੜ੍ਹਤੀ ਨੂੰ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ।

---------------------------------------------------

ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਦੇ ਪ੍ਰਕਾਸ਼ ਗੁਰਪੁਰਬ ਮੌਕੇ ਅੱਜ ਅੰਮ੍ਰਿਤਸਰ ਸਥਿਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਅਤੇ ਗੁਰੂ ਜੀ ਦੇ ਪ੍ਰਕਾਸ਼ ਅਸਥਾਨ ਗੁਰਦੁਆਰਾ ਗੁਰੂ ਕੇ ਮਹਿਲ ਵਿਖੇ ਵੱਡੀ ਗਿਣਤੀ ਸੰਗਤਾਂ ਨੇ ਨਤਮਸਤਕ ਹੋ ਕੇ ਗੁਰੂ ਸਾਹਿਬ ਨੂੰ ਸਤਿਕਾਰ ਭੇਟ ਕੀਤਾ। ਪ੍ਰਕਾਸ਼ ਪੁਰਬ ਦੇ ਸਬੰਧ ਵਿਚ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਅਕਾਲ ਤਖ਼ਤ ਸਾਹਿਬ ਅਤੇ ਗੁਰਦੁਆਰਾ ਬਾਬਾ ਅਟੱਲ ਰਾਇ ਸਾਹਿਬ ਵਿਖੇ ਸੁੰਦਰ ਜਲੌ ਵੀ ਸਜਾਏ ਗਏ। ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ, ਸੰਗਤ ਨੂੰ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਦੀ ਵਧਾਈ ਦਿੱਤੀ ।

------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਗੁਰੂ ਤੇਗ ਬਹਾਦਰ ਜੀ ਨੂੰ ਉਨ੍ਹਾਂ ਦੇ ਪ੍ਰਕਾਸ਼ ਪੁਰਬ 'ਤੇ ਯਾਦ ਕੀਤਾ ਏ. ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਸ਼੍ਰੀ ਮੋਦੀ ਨੇ ਗੁਰੂ ਤੇਗ ਬਹਾਦਰ ਸਾਹਿਬ ਨੂੰ ਧਰਤੀ ਦੇ ਸਭ ਤੋਂ ਮਹਾਨ ਅਧਿਆਤਮਿਕ ਰਹਿਨੁਮਾਵਾਂ ਵਿੱਚੋਂ ਇੱਕ ਦੱਸਿਆ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬ ਦਾ ਜੀਵਨ ਹਿੰਮਤ ਅਤੇ ਹਮਦਰਦੀ ਭਰੀ ਸੇਵਾ ਦਾ ਪ੍ਰਤੀਕ ਏ । ਓਹਨਾਂ ਇਹ ਵੀ ਕਿਹਾ ਕਿ ਗੁਰੂ ਸਾਹਿਬ ਅਨਿਆਂ ਵਿਰੁੱਧ ਆਪਣੀ ਲੜਾਈ ਵਿੱਚ ਅਟੱਲ ਸਨ। ਉਨ੍ਹਾਂ ਉਮੀਦ ਪ੍ਰਗਟ ਕੀਤੀ ਕਿ ਗੁਰੂ ਤੇਗ ਬਹਾਦਰ ਸਾਹਿਬ ਦੀਆਂ ਸਿੱਖਿਆਵਾਂ ਦੇਸ਼ ਨੂੰ ਉਸ ਸਮਾਜ ਦੇ

ਨਿਰਮਾਣ ਵਿੱਚ ਪ੍ਰੇਰਿਤ ਕਰਦੀਆਂ ਰਹਿਣਗੀਆਂ ਜਿਸਦੀ ਉਨ੍ਹਾਂ ਨੇ ਕਲਪਨਾ ਕੀਤੀ ਸੀ।

-----------------------------------------------------

ਅੱਜ ਗੁੱਡ ਫਰਾਈਡੇ ਏ ।ਇਹ ਦਿਨ ਪ੍ਰਭੂ ਈਸਾ ਮਸੀਹ ਦੇ ਸਲੀਬ ਉੱਤੇ ਚੜ੍ਹਾਏ ਜਾਣ ਦੀ ਯਾਦ ਵਿੱਚ ਮਨਾਇਆ ਜਾਂਦਾ ਏ । ਇਸ ਦਿਨ ਪ੍ਰਭੂ ਈਸਾ ਨੇ ਮਨੁੱਖਤਾ ਨੂੰ ਪਾਪਾਂ ਤੋਂ ਮੁਕਤ ਕਰਨ ਲਈ ਆਪਣਾ ਜੀਵਨ ਕੁਰਬਾਨ ਕੀਤਾ ਸੀ। ਗੁੱਡ ਫਰਾਈਡੇ 'ਤੇ ਲੋਕ ਮਨੁੱਖਤਾ ਅਤੇ ਆਪਸੀ ਭਾਈਚਾਰੇ ਨੂੰ ਮਜ਼ਬੂਤ ਕਰਨ ਦਾ ਅਹਿਦ ਲੈਂਦੇ ਨੇ । ਪ੍ਰਭੂ ਈਸਾ ਦੇ ਮੁੜ੍ਹ ਜੀਵਤ ਹੋ ਜਾਣ ਨੂੰ ਦਰਸਾਉਣ ਲਈ ਈਸਟਰ ਦੇ ਜਸ਼ਨ ਐਤਵਾਰ ਤੋਂ ਸ਼ੁਰੂ ਹੋਣਗੇ ।

-----------------------------------------------------

ਗੁੱਡ ਫਰਾਈਡੇ ਦੇ ਮੌਕੇ 'ਤੇ, ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਈਸਾ ਮਸੀਹ ਦੇ ਬਲੀਦਾਨ ਨੂੰ ਯਾਦ ਕੀਤਾ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ ਪ੍ਰਧਾਨ ਮੰਤਰੀ ਨੇ ਲਿਖਿਆ ਕਿ ਇਹ ਦਿਨ ਸਾਨੂੰ ਦਿਆਲਤਾ, ਤੇ ਹਮਦਰਦੀ ਦੀ ਕਦਰ ਕਰਨ ਅਤੇ ਹਮੇਸ਼ਾ ਵੱਡੇ ਦਿਲ ਵਾਲੇ ਰਹਿਣ ਲਈ ਪ੍ਰੇਰਿਤ ਕਰਦਾ ਏ ।

-----------------------------------------------------

ਤਰਨਤਾਰਨ ’ਚ ਅੱਜ ਤੜਕਸਾਰ ਗੈਂਗਸਟਰ ਵਿਰੋਧੀ ਕਾਰਜ ਬਲ ਅਤੇ ਥਾਣਾ ਸਰਹਾਲੀ ਦੀ ਪੁਲਿਸ ਨੇ ਦੋ ਬਦਮਾਸ਼ਾਂ ਨੂੰ ਐਨਕਾਊਂਟਰ ਤੋਂ ਬਾਅਦ ਕਾਬੂ ਕੀਤਾ। ਐੱਸ.ਐੱਸ.ਪੀ ਅਭਿਮਨਿਊ ਰਾਣਾ ਨੇ ਦੱਸਿਆ ਕਿ ਬੀਤੀ 28 ਮਾਰਚ ਨੂੰ ਨੌਸ਼ਹਿਰਾ ਪਨੂੰਆਂ ਦੇ ਸਰਪੰਚ ਗੁਰਪ੍ਰੀਤ ਸਿੰਘ ਉੱਪਰ ਮੋਟਰਸਾਇਕਲ ਸਵਾਰ ਦੋ ਬਦਮਾਸ਼ਾਂ ਨੇ ਫਾਇਰਿੰਗ ਕੀਤੀ ਸੀ। ਜਿਸ ਸਬੰਧੀ ਅਣ-ਪਛਾਤਿਆਂ ਖਿਲਾਫ ਮਾਮਲਾ ਦਰਜ ਕੀਤਾ ਗਿਆ ਸੀ। ਉਨ੍ਹਾਂ ਦੱਸਿਆ ਕਿ ਬੀਤੇ ਦਿਨ ਗੈਂਗਸਟਰ ਵਿਰੋਧੀ ਕਾਰਜ ਬਲ ਅਤੇ ਤਰਨਤਾਰਨ ਪੁਲਿਸ ਨੇ ਸਾਂਝੀ ਕਾਰਵਾਈ ਕਰਦਿਆਂ ਇਨ੍ਹਾਂ ਬਦਮਾਸ਼ਾਂ ਨੂੰ ਪਨਾਂਹ ਦੇਣ ਵਾਲੇ ਨੂੰ ਕਾਬੂ ਕੀਤਾ।

**BYTE**:

ਪੁਲਿਸ ਨੇ ਦੋਵਾਂ ਕੋਲੋਂ ਪਾਕਿਸਤਾਨ ਦੇ ਬਣੇ ਦੋ ਪਿਸਤੌਲ ਵੀ ਬਰਾਮਦ ਕੀਤੇ ਨੇ।

---

ਜੰਮੂ-ਜਲੰਧਰ ਰਾਸ਼ਟਰੀ ਰਾਜ-ਮਾਰਗ 'ਤੇ ਪਠਾਨਕੋਟ ਜ਼ਿਲ੍ਹੇ ਦੇ ਮਾਧੋਪੁਰ ਪਿੰਡ ਨੇੜੇ, ਇੱਕ ਤੇਜ਼ ਰਫ਼ਤਾਰ ਕਾਰ ਦੇ ਪਲਟਨ ਕਾਰਨ ਦੋ ਲੋਕਾਂ ਦੀ ਮੌਤ ਹੋ ਗਈ ਜਦੋਂ ਕਿ ਚਾਰ ਲੋਕ ਗੰਭੀਰ ਜ਼ਖਮੀ ਹੋ ਗਏ। ਇਹ ਸਾਰੇ ਦਿੱਲੀ ਤੋਂ ਸ੍ਰੀਨਗਰ ਜਾ ਰਹੇ ਸਨ। ਸਾਡੇ ਪੱਤਰਕਾਰ ਨੇ ਦਸਿਆ ਕਿ ਇਹ ਹਾਦਸਾ, ਡਰਾਈਵਰ ਨੂੰ ਨੀਂਦ ਆਉਣ

ਕਾਰਨ ਕਾਰ ਦਾ ਸੰਤੁਲਨ ਵਗੜਨ ਕਰਕੇ ਵਾਪਰਿਆ । ਇਸ ਹਾਦਸੇ ਵਿੱਚ ਦੋ ਲੋਕਾਂ ਦੀ ਮੌਕੇ 'ਤੇ ਹੀ ਮੌਤ ਹੋ ਗਈ । ਜਦੋਂ ਕਿ ਚਾਰ ਲੋਕ ਗੰਭੀਰ ਜ਼ਖਮੀ ਹੋ ਗਏ, ਪੁਲਿਸ ਸੜਕ ਸੁਰੱਖਿਆ ਬਲ ਦੇ ਜਵਾਨ ਮੌਕੇ 'ਤੇ ਪਹੁੰਚੇ ਅਤੇ ਜ਼ਖਮੀਆਂ ਨੂੰ ਨੁਕਸਾਨੀ ਗਈ ਕਾਰ ਵਿੱਚੋਂ ਬਾਹਰ ਕੱਢਕੇ ਸੁਜਾਨਪੁਰ ਦੇ ਇੱਕ ਨਿੱਜੀ ਹਸਪਤਾਲ ਵਿੱਚ ਦਾਖਲ ਕਰਵਾਇਆ। ਪੁਲਿਸ ਨੇ ਮਾਮਲੇ ਦੀ ਜਾਂਚ ਕਰ ਰਹੀ ਏ । ਓਧਰ ਮਾਨਸਾ ਦੇ ਪਿੰਡ ਚਕੇਰੀਆਂ ਨੇੜੇ ਬੀਤੀ ਦੇਰ ਰਾਤ ਇਕ ਕਾਰ ਪਲਟਣ ਕਰਕੇ, ਦੋ ਨੌਜਵਾਨਾਂ ਦੀ ਮੌਤ ਹੋ ਗਈ ਜਦਕਿ ਉਨਾਂ ਦੇ ਦੋ ਦੋਸਤ ਜਖ਼ਮੀ ਹੋ ਗਏ, ਜਿੰਨਾਂ ਨੂੰ ਸਿਵਲ ਹਸਪਤਾਲ ਵਿਚ ਦਾਖਲ ਕਰਵਾਇਆ ਗਿਆ । ਸਾਡੇ ਪੱਤਰਕਾਰ ਮੁਤਾਬਿਕ ਇਹ ਨੌਜਵਾਨ ਮਾਨਸਾ ਤੋਂ ਆਪਣੇ ਘਰ ਪਿੰਡ ਚਕੇਰੀਆਂ ਵਾਪਿਸ ਮੁੜ ਰਹੇ ਸਨ । ਇਨ੍ਹਾਂ ਦੀ ਕਾਰ ਸਾਮਣੇ ਕੁੱਤਾ ਆਉਣ ਕਾਰਨ ਕਾਰ ਪਲਟ ਗਈ । ਮ੍ਰਿਤਕਾਂ ਦੀ ਪਛਾਣ ਅਮਰੀਕਾ ਵਾਸੀ ਗਗਨਦੀਪ ਸਿੰਘ ਮਾਨਸ਼ਾਹੀਆ ਅਤੇ ਧੂਰੀ ਦੇ ਅਮਨ ਵਜੋਂ ਹੋਈ ਏ ।

----------------------------------------------------------------

ਅੱਜ ਵਿਸ਼ਵ ਵਿਰਾਸਤ ਦਿਵਸ ਏ । ਇਸਨੂੰ ਸਮਾਰਕਾਂ ਅਤੇ ਵਿਰਾਸਤੀ ਸਥਾਨਾਂ ਲਈ ਅੰਤਰ-ਰਾਸ਼ਟਰੀ ਦਿਵਸ ਵੀ ਕਿਹਾ ਜਾਂਦਾ ਏ । ਇਸ ਸਾਲ ਦਾ ਵਿਸ਼ਾ- ਵਿਰਾਸਤੀ ਥਾਵਾਂ ਤੇ ਆਫ਼ਤ ਅਤੇ ਟਕਰਾਅ ਦੇ ਜੋਖਮ

ਰੱਖਿਆ ਗਿਆ ਏ । ਭਾਰਤੀ ਪੁਰਾਤੱਤਵ ਸਰਵੇਖਣ ਨੇ ਅੱਜ ਦੇਸ਼ ਦੇ ਸਾਰੇ ਸੁਰੱਖਿਅਤ ਸਮਾਰਕਾਂ ਲਈ ਮੁਫ਼ਤ ਪ੍ਰਵੇਸ਼ ਦਾ ਐਲਾਨ ਕੀਤਾ ਏ । ਇਸੇ ਸਿਲਸਿਲੇ ਵਿਚ ਉੱਤਰੀ ਰੇਲਵੇ ਮੁੱਖ ਦਫ਼ਤਰ ਅਤੇ ਡਿਪਟੀ ਡਾਇਰੈਕਟਰ ਹੈਰੀਟੇਜ ਦੇ ਨਿਰਦੇਸ਼ਾਂ ਤੇ ਪਠਾਨਕੋਟ ਵਿੱਚ ਵਿਸ਼ਵ ਵਿਰਾਸਤ ਦਿਵਸ ਮਨਾਉਣ ਲਈ ਪਠਾਨਕੋਟ ਸਟੇਸ਼ਨ 'ਤੇ ਇੱਕ ਮੈਰਾਥਨ ਦੌੜ ਦਾ ਆਯੋਜਨ ਕੀਤਾ ਗਿਆ। ਡਿਵੀਜ਼ਨਲ ਅਸਿਸਟੈਂਟ ਮਕੈਨੀਕਲ ਇੰਜੀਨੀਅਰ ਰਮਨ ਸ਼ਰਮਾ ਨੇ  ਝੰਡੀ ਦਿਖਾ ਕੇ ਦੌੜ ਦੀ ਸ਼ੁਰੂਆਤ ਕੀਤੀ। ਰੇਲਵੇ ਕਰਮਚਾਰੀਆਂ ਨੇ ਮੈਰਾਥਨ ਵਿੱਚ ਵਿਸ਼ੇਸ਼ ਉਤਸ਼ਾਹ ਦਿਖਾਇਆ। ਰਮਨ ਸ਼ਰਮਾ ਨੇ ਕਿਹਾ ਕਿ ਸਾਰੇ ਰੇਲਵੇ ਕਰਮਚਾਰੀਆਂ ਨੇ ਆਪਣੀ ਸਰੀਰਕ ਸਮਰੱਥਾ ਅਨੁਸਾਰ ਦੌੜ ਪੂਰੀ ਕੀਤੀ। ਉਨ੍ਹਾਂ ਸਾਰਿਆਂ ਨੂੰ ਸਿਹਤਮੰਦ ਰਹਿਣ ਲਈ ਸੈਰ ਕਰਨ, ਯੋਗਾ ਕਰਨ ਅਤੇ ਸੰਤੁਲਿਤ ਖੁਰਾਕ ਲੈਣ ਦੀ ਅਪੀਲ ਕੀਤੀ।

---------------------------------------------------------------

ਸੀਮਾ ਸੁਰੱਖਿਆ ਬਲ ਤੇ ਪੰਜਾਬ ਪੁਲੀਸ ਨੇ ਸਾਂਝੇ ਆਪਰੇਸ਼ਨ ਦੌਰਾਨ ਅੰਮ੍ਰਿਤਸਰ ਦੇ ਸਰਹੱਦੀ ਪਿੰਡ ਮਹਾਵਾ ਦੇ ਖੇਤਾਂ ਵਿੱਚੋਂ 6 ਪਿਸਤੌਲ ਅਤੇ 14 ਮੈਗਜ਼ੀਨ ਬਰਾਮਦ ਕੀਤੇ ਨੇ । ਬੀ.ਐੱਸ.ਐਫ ਅਧਿਕਾਰੀਆਂ ਨੇ ਦੱਸਿਆ ਕਿ ਇੱਕ ਅਗਾਊਂ ਸੂਚਨਾ ਦੇ ਆਧਾਰ 'ਤੇ  BSF ਜਵਾਨਾਂ  ਵੱਲੋਂ ਪੰਜਾਬ ਪੁਲੀਸ ਦੇ ਸਹਿਯੋਗ ਨਾਲ ਅੰਮ੍ਰਿਤਸਰ ਦੇ ਸਰਹੱਦੀ ਖੇਤਰ ਵਿੱਚ

ਸਾਂਝੀ ਤਲਾਸ਼ੀ ਮੁਹਿੰਮ ਚਲਾਈ ਗਈ ਸੀ। ਇਸ ਦੌਰਾਨ ਪਿੰਡ ਮਹਾਵਾ ਦੇ ਖੇਤਾਂ ਵਿੱਚੋਂ, ਪੀਲੇ ਰੰਗ ਦੀ ਟੇਪ ਨਾਲ ਲਪੇਟਿਆ ਹੋਇਆ ਇੱਕ ਪੈਕੇਟ ਬਰਾਮਦ ਹੋਇਆ, ਇਸ ਨਾਲ ਇੱਕ ਤਾਰ ਅਤੇ ਰਿੰਗ ਵੀ ਲੱਗੀ ਹੋਈ ਸੀ। ਜਦੋਂ ਇਸ ਪੈਕੇਟ ਨੂੰ ਖੋਲ੍ਹਿਆ ਤਾਂ ਇਸ ਵਿੱਚੋਂ 6 ਪਿਸਤੌਲ ਅਤੇ 14 ਮੈਗਜ਼ੀਨ ਬਰਾਮਦ ਹੋਏ । ਉਨਾਂ ਕਿਹਾ ਕਿ ਅਗਲੇਰੀ ਜਾਂਚ ਜਾਰੀ ਏ ।

---

• ਇਲੈਕਟ੍ਰਾਨਿਕਸ ਅਤੇ ਸੂਚਨਾ ਤਕਨਾਲੋਜੀ ਮੰਤਰੀ ਅਸ਼ਵਨੀ ਵੈਸ਼ਨਵ ਨੇ ਕਿਹਾ-ਪਿਛਲੇ 10 ਸਾਲਾਂ ਵਿੱਚ ਇਲੈਕਟ੍ਰਾਨਿਕ ਨਿਰਮਾਣ 'ਚ ਪੰਜ ਗੁਣਾ ਵਾਧਾ ਹੋਇਆ ਏ ।

- ਪੰਜਾਬ ਵਿੱਚ 14 ਦਹਿਸ਼ਤਗਰਦ ਹਮਲਿਆਂ ‘ਚ ਲੋੜੀਂਦੇ, ਗੈਂਗਸਟਰ ਹਰਪ੍ਰੀਤ ਸਿੰਘ ਉਰਫ਼ ਹੈਪੀ ਪਾਸੀਆਂ ਦੀ ਗ੍ਰਿਫਤਾਰੀ ਨੂੰ, ਪੰਜਾਬ ਪੁਲਿਸ ਮੁੱਖੀ ਗੌਰਵ ਯਾਦਵ ਨੇ ਇਕ ਵੱਡੀ ਉਪਲੱਬਧੀ ਕਰਾਰ ਦਿੱਤਾ।
- ਕੈਬਿਨਟ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਰੂਪਨਗਰ ਵਿਖੇ ਚੱਲ ਰਹੇ ਖਰੀਦ ਕਾਰਜਾਂ ਦਾ ਲਿਆ ਜਾਇਜ਼ਾ ।

- ਅੱਜ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਮੌਕੇ ਗੁਰਦੁਆਰਾ ਗੁਰੂ ਕੇ ਮਹਿਲ ਵਿਖੇ ਗੁਰਮਤਿ ਸਮਾਗਮਾਂ ਦਾ ਆਯੋਜਨ।
- ਪਠਾਨਕੋਟ ਅਤੇ ਮਾਨਸਾ ਵਿਚ ਵਾਪਰੇ ਵੱਖ-ਵੱਖ ਸੜਕ ਹਾਦਸਿਆਂ 'ਚ 4 ਜਣਿਆਂ ਦੀ ਮੌਤ ਜਦ ਕਿ 6 ਲੋਕ ਗੰਭੀਰ ਜ਼ਖਮੀ ਹੋਏ।
- ਵਿਸ਼ਵ ਵਿਰਾਸਤ ਦਿਵਸ ਮਨਾਉਣ ਲਈ ਰੇਲਵੇ ਵੱਲੋਂ ਪਠਾਨਕੋਟ ਵਿਚ ਮੈਰਾਥਨ ਦਾ ਆਯੋਜਨ।